# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :09-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਪਿਛਲੇ 12 ਸਾਲਾਂ ਦੌਰਾਨ ਦੇਸ਼ ਦੇ ਨੌਜਵਾਨਾਂ, ਔਰਤਾਂ ਅਤੇ ਕਿਸਾਨਾਂ ਨੂੰ ਮਜ਼ਬੂਤ ਬਣਾਇਆ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 31 ਸਟਾਰਟਅਪਜ਼ ਅਤੇ ਉਨ੍ਹਾਂ ਦੇ ਸੰਸਥਾਪਕਾਂ ਨੂੰ 1 ਕਰੋੜ ਰੁਪਏ ਤੋਂ ਵੱਧ ਦੀ ਸੀਡ ਗ੍ਰਾਂਟ ਵੰਡੀ।

- ਪੰਜਾਬ ਵਿੱਚ ਝੋਨੇ ਦੀ ਲੁਆਈ ਲਈ ਤੀਜਾ ਪੜਾਅ ਅੱਜ ਤੋਂ ਆਰੰਭ ਹੋ ਗਿਆ ਏ।

- ਇਨਫੋਰਸਮੈਂਟ ਡਾਇਰੈਕਟੋਰੇਟ, ED ਵੱਲੋਂ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਆਗੂ ਸੰਜੀਵ ਅਰੋੜਾ ਨਾਲ ਸਬੰਧਤ ਹੈਂਪਟਨ ਸਕਾਈ ਰਿਐਲਟੀ ਲਿਮਟਿਡ ਮਨੀ ਲਾਂਡਰਿੰਗ ਮਾਮਲੇ ਵਿੱਚ ਪੰਜਾਬ, ਉੱਤਰ ਪ੍ਰਦੇਸ਼ ਅਤੇ ਦਿੱਲੀ NCR ਵਿੱਚ ਛਾਪੇਮਾਰੀ।

- ਪੰਜਾਬ ਦੇ ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਲੰਧਰ ਤੇ ਲੁਧਿਆਣਾ ਤੋਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੱਕ ਚੱਲਣ ਵਾਲੀਆਂ 5 ਨਵੀਆਂ ਸੁਪਰ ਇੰਟੀਗ੍ਰਲ ਵੋਲਵੋ ਕੋਚ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

## ਹੁਣ ਖ਼ਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਪਿਛਲੇ 12 ਸਾਲਾਂ ਵਿਚ ਦੇਸ਼ ਦੇ ਨੌਜਵਾਨਾਂ, ਔਰਤਾਂ ਤੇ ਕਿਸਾਨਾਂ ਨੂੰ ਮਜ਼ਬੂਤ ਬਣਾਇਆ ਏ। ਇੱਕ ਸੋਸ਼ਲ ਮੀਡੀਆ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ 140 ਕਰੋੜ ਨਾਗਰਿਕਾਂ ਦੀ ਰਾਸ਼ਟਰ ਪਹਿਲਾਂ ਦੀ ਭਾਵਨਾ ਤੋਂ ਪ੍ਰੇਰਿਤ ਹੋ ਕੇ ਸਰਕਾਰ ਵਿਸ਼ਵਾਸ, ਵਿਕਾਸ ਤੇ ਜਨ ਭਲਾਈ ਲਈ ਸਮਰਪਿਤ ਏ। ਸ੍ਰੀ ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿਚ ਲਗਾਤਾਰ ਯਤਨਾਂ ਰਾਹੀਂ ਸਭ ਕਾ ਸਾਥ, ਸਬ ਕਾ ਵਿਕਾਸ ਦੇ ਸਿਧਾਂਤ ਤੋਂ ਪ੍ਰੇਰਿਤ ਹੋ ਕੇ, ਦੇਸ਼

ਮਜ਼ਬੂਤ ਤੇ ਆਤਮ-ਨਿਰਭਰ ਭਾਰਤ ਬਣਨ ਵੱਲ ਵੱਧ ਰਿਹਾ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਭਾਰਤ ਨੇ ਗ਼ਰੀਬਾਂ ਦੀ ਭਲਾਈ ਤੇ ਬੇਮਿਸਾਲ ਵਿਕਾਸ ਦੋਵੇਂ ਇੱਕੋ ਸਮੇਂ ਦੇਖੇ ਨੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਚ ਇਕ ਸਮਾਰੋਹ ਵਿਚ 31 ਸਟਾਰਅਪਜ਼ ਤੇ ਉਨ੍ਹਾਂ ਦੇ ਸੰਸਥਾਪਕਾਂ ਨੂੰ 1.07 ਕਰੋੜ ਰੁਪਏ ਦੀ ਸੀਡ ਗ੍ਰਾਂਟ ਵੰਡੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸਫਲ ਉੱਦਮੀਆਂ ਦੀ ਅਗਲੀ ਪੀੜ੍ਹੀ ਨਾ-ਸਿਰਫ਼ ਪੰਜਾਬ ਵਿਚ ਆਵੇ, ਸਗੋਂ ਪੰਜਾਬ ਵਿਚ ਆਪਣੀਆਂ ਕੰਪਨੀਆਂ ਵੀ ਸਥਾਪਤ ਕਰੇ, ਜਿਸ ਨਾਲ ਸੂਬੇ ਵਿਚ ਹੀ ਨੌਕਰੀਆਂ ਤੇ ਕਮਾਈ ਦੇ ਮੌਕੇ ਪੈਦਾ ਹੋਣ। ਸਟਾਰਟਅਪਜ਼ ਨੂੰ ਪੰਜਾਬ ਦੇ ਭਵਿੱਖੀ ਆਰਥਿਕ ਵਿਕਾਸ ਦਾ ਮੁੱਖ ਥੰਮ ਦੱਸਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ ਕਿ ਕਿਸੇ ਵੀ ਸ਼ਾਨਦਾਰ ਉੱਦਮ ਨੂੰ ਮਾਲ ਮਦਦ ਦੀ ਘਾਟ ਕਾਰਨ ਛੱਡਿਆ ਨਾ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਟਾਰਟਅਪਜ਼ ਤੇ ਸਨਅਤੀ ਨੀਤੀ-2026 ਤਹਿਤ ਸੀਡ ਗ੍ਰਾਂਟ 3 ਲੱਖ ਤੋਂ ਵਧਾ ਕੇ 5 ਲੱਖ ਰੁਪਏ ਕਰ ਦਿੱਤੀ ਗਈ ਏ, ਜਿਸ ਵਿਚ 7 ਸਟਾਰਟਅਪਜ਼ ਨੂੰ 5-5 ਲੱਖ ਰੁਪਏ ਅਤੇ 24 ਸਟਾਰਟਅਪਜ਼ ਨੂੰ 3-3

ਲੱਖ ਰੁਪਏ ਦੀ ਗ੍ਰਾਂਟ ਮਿਲ ਰਹੀ ਏ। ਉਨ੍ਹਾਂ ਨੇ ਆਸ ਪ੍ਰਗਟ ਕੀਤੀ ਕਿ ਇਹ ਉੱਦਮ ਰੋਜ਼ਗਾਰ ਦੇ ਹਜਾਰਾਂ ਮੌਕੇ ਪੈਦਾ ਕਰਨਗੇ ਤੇ ਨੌਜਵਾਨਾਂ ਦਰਮਿਆਨ ਨੌਕਰੀਆਂ ਦੀ ਭਾਲ ਵਿਚ ਵਿਦੇਸ਼ ਜਾਣ ਦੇ ਰੁਝਾਨ ਨੂੰ ਘਟਾਉਣ ਵਿਚ ਮਦਦ ਕਰਨਗੇ। ਨੀਤੀਗਤ ਪਹਿਲਕਦਮੀਆਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੀਡ ਗ੍ਰਾਂਟਾਂ ਪੰਜਾਬ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿਚ ਮਦਦ ਕਰਨਗੀਆਂ।

-------------------------------------------------------

ਪੰਜਾਬ ਵਿੱਚ ਝੋਨੇ ਦੀ ਲੁਆਈ ਲਈ ਤੀਜਾ ਪੜਾਅ ਅੱਜ ਤੋਂ ਆਰੰਭ ਹੋ ਗਿਆ ਏ, ਜਦਕਿ ਪਹਿਲੀ ਜੂਨ ਤੋਂ ਸੂਬੇ ਦੇ 6 ਜ਼ਿਲ੍ਹਿਆਂ ਗੁਰਦਾਸਪੁਰ,ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਰੂਪਨਗਰ ਅਤੇ ਮੋਹਾਲੀ ਵਿੱਚ ਸ਼ੁਰੂ ਹੋ ਚੁੱਕੀ ਏ। 5 ਜੂਨ ਤੋਂ ਬਠਿੰਡਾ ਸਮੇਤ ਫ਼ਰੀਦਕੋਟ, ਮੁਕਤਸਰ, ਫ਼ਿਰੋਜ਼ਪੁਰ ਅਤੇ ਫਾਜ਼ਿਲਕਾ ਝੋਨੇ ਦੀ ਲੁਆਈ ਪਹਿਲਾਂ ਹੀ ਆਰੰਭ ਹੋ ਚੁੱਕੀ ਏ। ਅੱਜ ਮਾਨਸਾ, ਬਰਨਾਲਾ, ਮੋਗਾ, ਸੰਗਰੂਰ, ਜਲੰਧਰ,ਪਟਿਆਲਾ, ਮਲੇਰਕੋਟਲਾ, ਲੁਧਿਆਣਾ, ਕਪੂਰਥਲਾ ਅਤੇ ਨਵਾਂਸ਼ਹਿਰ ਜ਼ਿਲ੍ਹਿਆਂ ਵਿੱਚ ਝੋਨੇ ਲੁਆਈ ਦੀ ਸ਼ੁਰੂਆਤ ਹੋਈ ਏ। ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਮੁੱਖ ਸਕੱਤਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜਾਰੀ ਹੁਕਮਾਂ ਮੁਤਾਬਕ ਝੋਨਾ ਲਾਉਣ ਲਈ ਕਿਸਾਨਾਂ ਨੂੰ

ਫ਼ਸਲ ਪੱਕਣ ਤੱਕ ਘੱਟੋ-ਘੱਟ 8 ਘੰਟੇ ਰੋਜ਼ਾਨਾ  ਬਿਜਲੀ ਸਪਲਾਈ ਦਿੱਤੀ ਜਾਵੇਗੀ ਅਤੇ ਨਹਿਰੀ ਪਾਣੀ ਵੀ ਮਿਲੇਗਾ। ਇਸੇ ਦੌਰਾਨ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਦੇ ਇੱਕ ਅਧਿਕਾਰੀ ਦਾ ਕਹਿਣਾ ਏ ਕਿ ਸਰਕਾਰੀ ਆਦੇਸ਼ਾਂ ਤਹਿਤ ਝੋਨੇ ਦੀ ਲੁਆਈ ਲਈ ਪੂਰੇ ਪੰਜਾਬ ਵਿੱਚ 8 ਘੰਟੇ ਲਗਾਤਾਰ ਬਿਜਲੀ ਸਪਲਾਈ ਦੇਣੀ ਆਰੰਭ ਕੀਤੀ ਜਾ ਚੁੱਕੀ ਏ।

-------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਸਾਂਝੀ ਕਾਰਵਾਈ ਦੌਰਾਨ, ਸਰਹੱਦ ਪਾਰ ਬੈਠੇ ਸੰਚਾਲਕਾਂ ਨਾਲ ਜੁੜੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਕੋਲੋਂ ਦੋ ਹੈਂਡ ਗ੍ਰਨੇਡ ਬਰਾਮਦ ਕੀਤੇ ਨੇ। ਇਸ ਬਾਰੇ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਦਵਿੰਦਰ ਸਿੰਘ ਨਿਵਾਸੀ ਪਿੰਡ ਚੂੰਘ  ਅਤੇ ਰਾਜਵਿੰਦਰ ਸਿੰਘ ਨਿਵਾਸੀ ਪਿੰਡ ਸੁਰਸਿੰਘ, ਤਰਨਤਾਰਨ ਵਜੋਂ ਹੋਈ ਏ। ਹੈਂਡ ਗ੍ਰਨੇਡ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦਾ ਵਾਹਨ ਵੀ ਜ਼ਬਤ ਕਰ ਲਿਆ  ਏ। ਅੰਮ੍ਰਿਤਸਰ ਦਿਹਾਤੀ ਦੇ ਐੱਸਐੱਸਪੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ  ਮੁੱਢਲੀ ਜਾਂਚ ਮੁਤਾਬਕ ਹਰਵੰਤ ਸਿੰਘ ਹੈਰੀ, ਜੋ ਇਸ ਸਮੇਂ ਅੰਮ੍ਰਿਤਸਰ ਜੇਲ੍ਹ ਵਿੱਚ ਬੰਦ ਏ, ਨੇ ਵਿਦੇਸ਼ੀ ਹੈਂਡਲਰ ਨਾਲ ਦੋਵਾਂ

ਮੁਲਜ਼ਮਾਂ ਦੀ ਜਾਣ-ਪਛਾਣ ਕਰਵਾਈ ਸੀ। ਦੋਵਾਂ ਮੁਲਜ਼ਮਾਂ ਨੇ ਹੈਰੀ ਦੇ ਸਾਥੀਆਂ ਤੱਕ ਬਹੁਤ ਸਾਰੇ ਹਥਿਆਰ ਅਤੇ ਧਮਾਕਾਖੇਜ਼ ਸਮੱਗਰੀ ਪਹੁੰਚਾਈ ਸੀ। ਪੁਲਿਸ ਟੀਮਾਂ ਨੇ ਅੰਮ੍ਰਿਤਸਰ ਜੇਲ੍ਹ ਵਿੱਚੋਂ ਹੈਰੀ ਦਾ ਮੋਬਾਈਲ ਫੋਨ ਜ਼ਬਤ ਕਰ ਲਿਆ ਏ ਅਤੇ ਇਸ ਸਬੰਧੀ ਵੱਖਰਾ ਕੇਸ ਦਰਜ ਕੀਤਾ ਗਿਆ ਏ।

---------------------------------------------------------

ਇੰਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਹੈਂਪਟਨ ਸਕਾਈ ਰਿਐਲਟੀ ਲਿਮਟਿਡ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਪੰਜਾਬ, ਉੱਤਰ ਪ੍ਰਦੇਸ਼ ਤੇ ਦਿੱਲੀ-ਐੱਨ.ਸੀ.ਆਰ. ਵਿਚ 6 ਥਾਵਾਂ ਉੱਤੇ ਛਾਪੇਮਾਰੀ ਕੀਤੀ ਏ। ਇਸ ਵਿਚ ਪੰਜਾਬ ਦੇ ਜਲੰਧਰ, ਲੁਧਿਆਣਾ ਅਤੇ ਉੱਤਰ ਪ੍ਰਦੇਸ਼ ਦੇ ਬਰੇਲੀ ਤੇ ਦਿੱਲੀ-ਐੱਨ.ਸੀ.ਆਰ. ਦੇ ਇਲਾਕੇ ਸ਼ਾਮਲ ਨੇ। ਡਾਇਰੈਕਟੋਰੇਟ ਮੁਤਾਬਕ ਤਲਾਸ਼ੀ ਮੁਹਿੰਮ ਵਿਚ ਸ਼ਾਮਲ ਕੀਤੇ ਗਏ ਅਹਾਤਿਆਂ ਵਿਚ ਹੈਂਪਟਨ ਸਕਾਈ ਰਿਐਲਟੀ ਲਿਮਟਿਡ ਨਾਲ ਜੁੜੇ ਵਿਅਕਤੀਆਂ ਤੇ ਸੰਸਥਾਵਾਂ ਦੇ ਰਿਹਾਇਸ਼ੀ ਤੇ ਵਪਾਰਕ ਦਫ਼ਤਰ ਦੋਵੇਂ ਸ਼ਾਮਲ ਨੇ। ਇਹ ਮਾਮਲਾ ਆਮ ਆਦਮੀ ਪਾਰਟੀ ਦੇ ਨੇਤਾ ਤੇ ਪੰਜਾਬ ਦੇ ਮੰਤਰੀ ਸੰਜੀਵ ਅਰੋੜਾ ਨਾਲ ਜੁੜਿਆ ਹੋਇਆ ਏ। ਈ.ਡੀ. ਨੇ ਉਨ੍ਹਾਂ ਅਤੇ ਉਨ੍ਹਾਂ ਦੀਆਂ ਕੰਪਨੀਆਂ ਖਿਲਾਫ ਵੱਡੇ ਪੱਧਰ ਉੱਤੇ ਮਨੀ ਲਾਂਡਰਿੰਗ, 100

ਕਰੋੜ ਰੁਪਏ ਤੋਂ ਵੱਧ ਦੀ ਕਥਿਤ ਜੀ.ਐੱਸ.ਟੀ. ਧੋਖਾਧੜੀ ਤੇ ਫਰਜੀ ਮੋਬਾਈਲ ਫੋਨ ਵਿਕਰੀ ਦਾ ਪਰਦਾਫਾਸ਼ ਕੀਤਾ ਏ।

------------------------------------------------------------

ਪੰਜਾਬ ਦੇ ਖਜਾਨਾ ਅਤੇ ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪਨਬੱਸ ਦੀਆਂ 5 ਨਵੀਆਂ ਸੁਪਰ ਇੰਟੀਗ੍ਰਲ ਵੋਲਵੋ ਕੋਚ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਬੱਸਾਂ ਜਲੰਧਰ ਤੇ ਲੁਧਿਆਣਾ ਤੋਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਲਈ ਚੱਲਣਗੀਆਂ। ਮੰਤਰੀ ਨੇ ਕਿਹਾ ਕਿ ਪਨਬੱਸ ਦੇ ਬੇੜੇ ਵਿੱਚ ਕੁੱਲ 15 ਨਵੀਆਂ ਸੁਪਰ ਇੰਟੀਗ੍ਰਲ ਕੋਚ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਨੇ। ਇਸ ਨਾਲ ਇਹ ਯਕੀਨੀ ਹੋਵੇਗਾ ਕਿ ਪੰਜਾਬ ਦੇ ਲੋਕਾਂ ਅਤੇ ਪਰਵਾਸੀ ਭਾਰਤੀਆਂ ਨੂੰ ਕਿਫ਼ਾਇਤੀ ਟਿਕਟ ਦਰਾਂ 'ਤੇ ਹਵਾਈ ਅੱਡੇ ਤੱਕ ਸੁਖਾਵੇਂ ਸਫ਼ਰ ਦਾ ਅਨੁਭਵ ਮਿਲ ਸਕੇ। ਸ੍ਰੀ ਚੀਮਾ ਨੇ ਦੱਸਿਆ ਕਿ ਪੰਜਾਬ ਰੋਡਵੇਜ਼, ਪਨਬੱਸ ਤੇ ਪੀ.ਆਰ.ਟੀ.ਸੀ. ਦੇ ਸੰਚਾਲਨ ਵਿੱਚ ਕੁੱਲ 696 ਨਵੀਆਂ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਨੇ। ਪਨਬੱਸ ਵਿੱਚ 100 ਨਵੀਆਂ ਸਧਾਰਨ ਬੱਸਾਂ, 100 ਐੱਚ.ਵੀ.ਏ.ਸੀ. ਏਅਰਕੰਡੀਸ਼ੰਡ ਬੱਸਾਂ ਅਤੇ ਕਿੱਲੋਮੀਟਰ ਯੋਜਨਾ ਤਹਿਤ 10 ਹੋਰ ਸੁਪਰ ਇੰਟੀਗ੍ਰਲ ਕੋਚ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਨੇ।

---------------------------------------------------

ਕੇਂਦਰੀ ਦਿਹਾਤੀ ਵਿਕਾਸ ਰਾਜ ਮੰਤਰੀ ਕਮਲੇਸ਼ ਪਾਸਵਾਨ ਨੇ ਅੱਜ ਏਮਜ਼ ਬਠਿੰਡਾ ਦਾ ਦੌਰਾ ਕਰ ਕੇ ਸੰਸਥਾ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਆਈ.ਪੀ.ਡੀ. ਅਤੇ ਓ.ਪੀ.ਡੀ. ਹਾਲਾਂ, ਡਾਟਸ ਸੈਂਟਰ, ਵੈਲਨੈੱਸ ਸੈਂਟਰ, ਅੰਮ੍ਰਿਤ ਫਾਰਮੇਸੀ ਆਉਟਲੈੱਟ, ਜਨ ਔਸ਼ਧੀ ਕੇਂਦਰ, .ਐਮਰਜੈਂਸੀ ਹਾਲ, ਹਾਰਟ ਕਮਾਂਡ ਸੈਂਟਰ, ਐਮਰਜੈਂਸੀ ਮੈਡੀਕਲ ਅਬਜ਼ਰਵੇਸ਼ਨ ਵਾਰਡ ਅਤੇ ਆਯੁਸ਼ਮਾਨ ਭਾਰਤ ਕਾਊਂਟਰਾਂ ਦਾ ਨਿਰੀਖਣ ਕੀਤਾ। ਸ੍ਰੀ ਪਾਸਵਾਨ ਨੇ ਸਿਹਤ ਕਰਮਚਾਰੀਆਂ ਅਤੇ ਹੋਰ ਅਮਲੇ ਨਾਲ ਗੱਲਬਾਤ ਕਰਦਿਆਂ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਜ਼ਰੂਰਤ ’ਤੇ ਵੀ ਜ਼ੋਰ ਦਿੱਤਾ। ਇਸ ਮੌਕੇ ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਅਤੇ ਅਧਿਕਾਰੀ ਹਾਜ਼ਰ ਸਨ।

---------------------------------------------------

ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ (ਏ.ਐੱਨ,ਟੀ.ਐੱਫ.) ਦੀਆਂ ਕਾਰਜਸ਼ੀਲ ਸਮਰੱਥਾਵਾਂ ਵਿਚ ਵਾਧਾ ਕਰਨ ਵੱਲ ਅਹਿਮ ਕਦਮ ਚੁੱਕਦਿਆਂ ਅੱਜ ਏ.ਐੱਨ,ਟੀ.ਐੱਫ. ਪੁਲਿਸ ਸਟੇਸ਼ਨ, ਐੱਸ.ਏ.ਐੱਸ. ਨਗਰ ਵਿਚ ਨਵੀਂ ਸਥਾਪਤ ਅਤਿ-ਆਧੁਨਿਕ ਸਪੈਸ਼ਲ

ਇੰਟੈਲੀਜੈਂਸ ਐਂਡ ਟੈਕਨੀਕਲ ਯੂਨਿਟ (ਐੱਸ.ਆਈ.ਟੀ.ਯੂ) ਸਮੇਤ ਕਈ ਕਈ ਆਧੁਨਿਕ ਤਕਨੀਕੀ ਤੇ ਇੰਟੈਲੀਜੈਂਸ ਸਹੂਲਤਾਂ ਦਾ ਉਦਘਾਟਨ ਕੀਤਾ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਪਿਛਲੇ 12 ਸਾਲਾਂ ਦੌਰਾਨ ਦੇਸ਼ ਦੇ ਨੌਜਵਾਨਾਂ, ਔਰਤਾਂ ਅਤੇ ਕਿਸਾਨਾਂ ਨੂੰ ਮਜ਼ਬੂਤ ਬਣਾਇਆ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 31 ਸਟਾਰਟਅਪਜ਼ ਅਤੇ ਉਨ੍ਹਾਂ ਦੇ ਸੰਸਥਾਪਕਾਂ ਨੂੰ 1 ਕਰੋੜ ਰੁਪਏ ਤੋਂ ਵੱਧ ਦੀ ਸੀਡ ਗ੍ਰਾਂਟ ਵੰਡੀ।

- ਪੰਜਾਬ ਵਿੱਚ ਝੋਨੇ ਦੀ ਲੁਆਈ ਲਈ ਤੀਜਾ ਪੜਾਅ ਅੱਜ ਤੋਂ ਆਰੰਭ ਹੋ ਗਿਆ ਏ।

- ਇਨਫੋਰਸਮੈਂਟ ਡਾਇਰੈਕਟੋਰੇਟ, ED ਵੱਲੋਂ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਆਗੂ ਸੰਜੀਵ ਅਰੋੜਾ ਨਾਲ ਸਬੰਧਤ ਹੈਂਪਟਨ

ਸਕਾਈ ਰਿਐਲਟੀ ਲਿਮਟਿਡ ਮਨੀ ਲਾਂਡਰਿੰਗ ਮਾਮਲੇ ਵਿੱਚ ਪੰਜਾਬ, ਉੱਤਰ ਪ੍ਰਦੇਸ਼ ਅਤੇ ਦਿੱਲੀ NCR ਵਿੱਚ ਛਾਪੇਮਾਰੀ।

- ਪੰਜਾਬ ਦੇ ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਲੰਧਰ ਤੇ ਲੁਧਿਆਣਾ ਤੋਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੱਕ ਚੱਲਣ ਵਾਲੀਆਂ 5 ਨਵੀਆਂ ਸੁਪਰ ਇੰਟੀਗ੍ਰਲ ਵੋਲਵੋ ਕੋਚ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ** !